## ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ, ਐਸ.ਏ.ਐਸ.ਨਗਰ

ਹੁਕਮ ਨੰ: 10/80-15 ਅ1(8) ਕੋ:ਸੈਲ:2
ਮਿਤੀ, ਐਸ.ਏ.ਐਸ.ਨਗਰ :- 07.09.2016

ਸ਼੍ਰੀਮਤੀ ਅਮਿਤਾ ਸਾਗਰ, ਲੈਕਚਰਾਰ ਅੰਗਰੇਜ਼ੀ , ਸਸਸਸ ਵਰਿਆਮ ਖੇੜਾ, ਜ਼ਿਲ੍ਹਾ ਫਾਜ਼ਿਲਕਾ ਜੋ ਮਿਤੀ 26-08-08 ਤੋਂ ਸਰਕਾਰੀ ਡਿਊਟੀ ਤੋਂ ਲਗਾਤਾਰ ਅਣ-ਅਧਿਕਾਰਤ ਤੌਰ ਤੇ ਗੈਰ ਹਾਜਰ ਚੱਲੀ ਆ ਰਹੀ ਹੈ, ਨੂੰ ਵਿਭਾਗ ਵੱਲੋਂ ਹੁਕਮ ਨੰ: 10/80-15 ਅ1(8) ਕੋ:ਸ:2 ਮਿਤੀ 02-12-15 ਰਾਹੀਂ ਪੰਜਾਬ ਸਿਵਲ ਸੇਵਾਵਾਂ(ਦੰਡ ਅਤੇ ਅਪੀਲ) ਨਿਯਮਾਂਵਲੀ 1970 ਦੀ ਧਾਰਾ 8 ਦੇ ਨਿਯਮ 5(v-ix) ਅਧੀਨ ਦੋਸ ਸੂਚੀ ਜਾਰੀ ਕੀਤੀ ਗਈ।

ਸ਼੍ਰੀਮਤੀ ਅਮਿਤਾ ਸਾਗਰ, ਲੈਕਚਰਾਰ ਅੰਗਰੇਜ਼ੀ , ਸਸਸਸ ਵਰਿਆਮ ਖੇੜਾ, ਜ਼ਿਲ੍ਹਾ ਫਾਜ਼ਿਲਕਾ ਵੱਲੋਂ ਦੋਸ਼ ਸੂਚੀ ਦਾ ਉਤਰ ਪ੍ਰਾਪਤ ਨਾ ਹੋਣ ਕਾਰਨ, ਉਸ ਵਿਰੁੱਧ ਦੋਸ਼ ਸੂਚੀ ਵਿਚ ਲਗਾਏ ਗਏ ਦੋਸ਼ਾਂ ਦੀ ਸਚਾਈ ਜਾਨਣ ਲਈ ਵਿਭਾਗ ਵਲੋਂ ਹੁਕਮ ਨੰ: 10/80-15 ਅ1(8) ਮਿਤੀ 27.01.16 ਰਾਹੀਂ ਸ੍ਰੀ ਸੁਖਬੀਰ ਸਿੰਘ, ਜ਼ਿਲ੍ਹਾ ਸਿੱਖਿਆ ਅਫਸਰ(ਸੈਸਿ) ਫਾਜ਼ਿਲਕਾ ਨੂੰ ਪੜਤਾਲੀਆ ਅਫਸਰ ਨਿਯੁਕਤ ਕੀਤਾ ਗਿਆ। ਪੜਤਾਲੀਆ ਅਫਸਰ ਵੱਲੋਂ ਆਪਣੀ ਪੜਤਾਲ ਰਿਪੋਰਟ ਵਿੱਚ ਕਰਮਚਾਰਨ ਦੇ ਮਿਤੀ 26-08-08 ਤੋਂ ਹੁਣ ਤੱਕ ਅਣਅਧਿਕਾਰਤ ਤੌਰ ਤੇ ਗੈਰ ਹਾਜਰ ਰਹਿਣ ਦਾ ਦੋਸ਼ ਸਿੱਧ ਕੀਤਾ।

ਕੁਦਰਤੀ ਨਿਆਂ ਨੂੰ ਮੁੱਖ ਰੱਖਦਿਆਂ ਹੋਇਆ ਸ਼੍ਰੀਮਤੀ ਅਮਿਤਾ ਸਾਗਰ, ਲੈਕਚਰਾਰ ਅੰਗਰੇਜ਼ੀ , ਸਸਸਸ ਵਰਿਆਮ ਖੇੜਾ, ਜ਼ਿਲ੍ਹਾ ਫਾਜ਼ਿਲਕਾ ਨੂੰ ਆਪਣੀ ਡਿਊਟੀ ਤੋਂ ਅਣਅਧਿਕਾਰਤ ਤੌਰ ਤੇ ਗੈਰ ਹਾਜਰ ਰਹਿਣ ਕਾਰਨ ਮਿਤੀ 30.07.16 ਨੂੰ "ਰੋਜਾਨਾ ਸਪੋਕਸਮੈਨ" ਵਿੱਚ ਪਬਲਿਕ ਨੋਟਿਸ ਦਿੱਤਾ ਗਿਆ ਜਿਸ ਵਿੱਚ ਲੜੀ ਨੰ: 2 ਤੇ ਕਰਮਚਾਰਨ ਦਾ ਨਾਮ ਦਰਸਾਇਆ ਗਿਆ। ਇਸ ਪਬਲਿਕ ਨੋਟਿਸ ਰਾਹੀਂ ਇਸ ਕਰਮਚਾਰਨ ਨੂੰ ਮੌਕਾ ਦਿੱਤਾ ਗਿਆ ਕਿ ਉਹ ਆਪਣੇ ਪੱਖ ਵਿੱਚ ਜੇਕਰ ਕੁਝ ਕਹਿਣਾ ਚਾਹੁੰਦੀ ਹੈ ਤਾਂ 21 ਦਿਨਾਂ ਦੇ ਅੰਦਰ-ਅੰਦਰ ਆਪਣਾ ਉੱਤਰ ਦੇਵੇ। ਜੇਕਰ ਉਸ ਵੱਲੋਂ ਮਿੱਥੇ ਸਮੇਂ ਅੰਦਰ ਕੋਈ ਉੱਤਰ ਨਹੀਂ ਦਿੱਤਾ ਤਾਂ ਇਹ ਸਮਝ ਲਿਆ ਜਾਵੇਗਾ ਕਿ ਉਹ ਆਪਣੇ ਪੱਖ ਵਿੱਚ ਕੁਝ ਨਹੀਂ ਕਹਿਣਾ ਚਾਹੁੰਦੀ ਅਤੇ ਉਸ ਵਿਰੁੱਧ ਆਰੰਭੀ ਅਨੁਸ਼ਾਸਨੀ ਕਾਰਵਾਈ ਨੂੰ ਮੁਕੰਮਲ ਕਰਦੇ ਹੋਏ ਉਸ ਦੀਆਂ ਸੇਵਾਵਾਂ ਪੰਜਾਬ ਸਿਵਲ ਸੇਵਾਵਾਂ(ਸਜ਼ਾ ਅਤੇ ਅਪੀਲ) ਨਿਯਮਾਵਲੀ 1970 ਦੇ ਨਿਯਮ 5(viii) ਤਹਿਤ ਖਤਮ ਕਰ ਦਿੱਤੀਆਂ ਜਾਣਗੀਆਂ। ਪਰੰਤੂ ਇਸ ਨੋਟਿਸ ਦੇ ਜਵਾਬ ਵਿੱਚ ਕਰਮਚਾਰਨ ਨੇ ਨਾ ਤਾਂ ਕੋਈ ਉੱਤਰ ਦਿੱਤਾ ਅਤੇ ਨਾ ਹੀ ਡਾਇਰੈਕਟਰ ਸਿੱਖਿਆ ਵਿਭਾਗ(ਸੈਸਿ) ਪੰਜਾਬ ਪਾਸ ਹਾਜਰ ਹੋ ਕੇ ਆਪਣਾ ਪੱਖ ਪੇਸ਼ ਕੀਤਾ। ਇਸ ਤੋਂ ਇਹ ਸਪਸ਼ਟ ਹੈ ਕਿ ਕਰਮਚਾਰਨ ਸਰਕਾਰੀ ਨੌਕਰੀ ਚਾਲੂ ਰੱਖਣ ਵਿੱਚ ਦਿਲਚਸਪੀ ਨਹੀਂ ਰੱਖਦੀ ਅਤੇ ਉਸਨੂੰ ਆਪਣੇ ਵਿਰੁੱਧ ਲੱਗੇ ਦੋਸ਼ਾਂ ਤੋਂ ਇਨਕਾਰੀ ਨਹੀਂ ਹੈ।

ਮੈਂ ਬਲਬੀਰ ਸਿੰਘ, ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:) ਪੰਜਾਬ, ਐਸ.ਏ.ਐਸ.ਨਗਰ ਸਮਰੱਥ ਅਧਿਕਾਰੀ ਹੋਣ ਦੇ ਨਾਤੇ ਸ਼੍ਰੀਮਤੀ ਅਮਿਤਾ ਸਾਗਰ, ਲੈਕਚਰਾਰ ਅੰਗਰੇਜ਼ੀ , ਸਸਸਸ ਵਰਿਆਮ ਖੇੜਾ, ਜ਼ਿਲ੍ਹਾ ਫਾਜ਼ਿਲਕਾ ਦੇ ਮਿਤੀ 29-08-2008 ਤੋਂ ਹੁਣ ਤੱਕ ਅਣਅਧਿਕਾਰਤ ਤੌਰ ਤੇ ਸਰਕਾਰੀ ਡਿਊਟੀ ਤੋਂ ਗੈਰਹਾਜਰ ਰਹਿਣ ਦੇ ਦੋਸ਼ ਕਾਰਨ ਪੰਜਾਬ ਸਿਵਲ ਸੇਵਾਵਾਂ (ਸਜਾ ਅਤੇ ਅਪੀਲ) ਨਿਯਮਾਵਲੀ 1970 ਦੇ ਨਿਯਮ 5 (VIII) ਅਧੀਨ ਇਸ ਦੀਆਂ ਸੇਵਾਵਾਂ ਤਤਕਾਲ ਸਮੇਂ ਤੋ ਖਤਮ ਕਰਦਾ ਹਾਂ।

ਬਲਬੀਰ ਸਿੰਘ
ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:), ਪੰਜਾਬ

ਪਿਠ ਅੰਕਣ ਨੰ: ਉਕਤ 14138-41 ਮਿਤੀ, ਐਸ.ਏ.ਐਸ.ਨਗਰ :- 16-9-16

ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ:-

1. ਮੰਡਲ ਸਿੱਖਿਆ ਅਫਸਰ, ਫਰੀਦਕੋਟ।
2. ਰਜਿ ਜਿਲਾ ਸਿੱਖਿਆ ਅਫਸਰ (ਸੈ:ਸਿ), ਫਾਜ਼ਿਲਕਾ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਕਰਮਚਾਰਨ ਦੀ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਸੇਵਾਵਾ ਖਤਮ ਕਰਨ ਸਬੰਧੀ ਇੰਦਰਾਜ ਯਕੀਨੀ ਬਣਾਇਆ ਜਾਵੇ ਅਤੇ ਕਾਪੀ ਇਸ ਦਫਤਰ ਨੂੰ ਉਪਲਬੱਧ ਕਰਵਾਈ ਜਾਵੇ। ਇਸ ਪੱਤਰ ਦੀ ਪਹੁੰਚ ਰਸੀਦ ਭੇਜੀ ਜਾਵੇ।
3. ਪ੍ਰਿੰਸੀਪਲ/ਮੁੱਖਅਧਿਆਪਕ, ਸਸਸਸ ਵਰਿਆਮ ਖੇੜਾ, ਜ਼ਿਲ੍ਹਾ ਫਾਜ਼ਿਲਕਾ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਕਰਮਚਾਰਨ ਦੀ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਇੰਦਰਾਜ ਕੀਤਾ ਜਾਵੇ। ਇਹ ਹੁਕਮ ਕਰਮਚਾਰਨ ਦੇ ਮੌਜੂਦਾ ਘਰ ਦੇ ਪੱਤੇ ਤੇ ਵੀ ਰਜਿਸਟਰਡ ਡਾਕ ਰਾਂਹੀ ਭੇਜੇ ਜਾਣ।
4. ਸ਼੍ਰੀਮਤੀ ਅਮਿਤਾ ਸਾਗਰ, ਲੈਕਚਰਾਰ ਅੰਗਰੇਜ਼ੀ , ਸਸਸਸ ਵਰਿਆਮ ਖੇੜਾ, ਜ਼ਿਲ੍ਹਾ ਫਾਜ਼ਿਲਕਾ।

ਸੁਪਰਡੰਟ ਕੋਆਰਡੀਨੇਸ਼ਨ ਸੈਲ

## ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ, ਐਸ.ਏ.ਐਸ.ਨਗਰ

ਹੁਕਮ ਨੰ: 15/146-91 ਅ2(3) ਕੋ:ਸੈਲ:2
ਮਿਤੀ, ਐਸ.ਏ.ਐਸ.ਨਗਰ :- 07.09.2016

ਸ੍ਰੀ ਰਾਮਨਾਥ, ਸਾਇੰਸ ਮਾਸਟਰ, ਸਸਸਸ ਭੌਡੀਪੁਰਾ, ਜ਼ਿਲਾ ਬਠਿੰਡਾ ਜੋ ਮਿਤੀ 24-12-86 ਤੋਂ ਸਰਕਾਰੀ ਡਿਊਟੀ ਤੋਂ ਲਗਾਤਾਰ ਅਣ-ਅਧਿਕਾਰਤ ਤੌਰ ਤੇ ਗੈਰ ਹਾਜਰ ਚੱਲਿਆ ਆ ਰਿਹਾ ਹੈ, ਅਤੇ ਮਿਤੀ 30.04.16 ਨੂੰ In-absentia ਰਿਟਾਇਰ ਹੋ ਚੁੱਕਾ ਹੈ, ਨੂੰ ਇਸ ਦਫਤਰ ਦੇ ਹੁਕਮ ਨੰ: 6581-15/446-91 ਅ2(3) ਮਿਤੀ 13-08-92/23-10-92 ਰਾਹੀਂ ਪੰਜਾਬ ਸਿਵਲ ਸੇਵਾਵਾਂ(ਦੰਡ ਅਤੇ ਅਪੀਲ) ਨਿਯਮਾਂਵਲੀ 1970 ਦੀ ਧਾਰਾ 8 ਅਧੀਨ ਦੋਸ਼ ਸੂਚੀ ਜਾਰੀ ਕੀਤੀ ਗਈ।

ਸ੍ਰੀ ਰਾਮਨਾਥ, ਸਾਇੰਸ ਮਾਸਟਰ, ਸਸਸਸ ਭੌਡੀਪੁਰਾ, ਜ਼ਿਲਾ ਬਠਿੰਡਾ ਵੱਲੋਂ ਦੋਸ਼ ਸੂਚੀ ਦਾ ਉਤਰ ਪ੍ਰਾਪਤ ਨਾ ਹੋਣ ਕਾਰਨ, ਉਸ ਵਿਰੁੱਧ ਦੋਸ਼ ਸੂਚੀ ਵਿਚ ਲਗਾਏ ਗਏ ਦੋਸ਼ਾਂ ਦੀ ਸਚਾਈ ਜਾਨਣ ਲਈ ਸ੍ਰੀ ਹਰਦੀਪ ਸਿੰਘ, ਪ੍ਰਿੰਸੀਪਲ, ਡਾਇਟ ਦਿਉਣ ਨੂੰ ਪੜਤਾਲੀਆ ਅਫਸਰ ਨਿਯੁਕਤ ਕੀਤਾ ਗਿਆ। ਪੜਤਾਲੀਆ ਅਫਸਰ ਵੱਲੋਂ ਆਪਣੀ ਪੜਤਾਲ ਰਿਪੋਰਟ ਵਿੱਚ ਕਰਮਚਾਰੀ ਦੇ ਮਿਤੀ 24-12-86 ਤੋਂ ਹੁਣ ਤੱਕ ਅਣਅਧਿਕਾਰਤ ਤੌਰ ਤੇ ਗੈਰ ਹਾਜਰ ਰਹਿਣ ਦਾ ਦੋਸ਼ ਸਿੱਧ ਕੀਤਾ।

ਕੁਦਰਤੀ ਨਿਆਂ ਨੂੰ ਮੁੱਖ ਰੱਖਦਿਆਂ ਹੋਇਆ ਸ੍ਰੀ ਰਾਮਨਾਥ, ਸਾਇੰਸ ਮਾਸਟਰ, ਸਸਸਸ ਭੌਡੀਪੁਰਾ, ਜ਼ਿਲਾ ਬਠਿੰਡਾ ਨੂੰ ਆਪਣੀ ਡਿਊਟੀ ਤੋਂ ਅਣਅਧਿਕਾਰਤ ਤੌਰ ਤੇ ਗੈਰ ਹਾਜਰ ਰਹਿਣ ਕਾਰਨ ਮਿਤੀ 30.07.16 ਨੂੰ " ਰੋਜਾਨਾ ਸਪੋਕਸਮੈਨ" ਵਿੱਚ ਪਬਲਿਕ ਨੋਟਿਸ ਦਿੱਤਾ ਗਿਆ ਜਿਸ ਵਿੱਚ ਲੜੀ ਨੰ: 16 ਤੇ ਕਰਮਚਾਰੀ ਦਾ ਨਾਮ ਦਰਸਾਇਆ ਗਿਆ। ਇਸ ਪਬਲਿਕ ਨੋਟਿਸ ਰਾਹੀਂ ਇਸ ਕਰਮਚਾਰੀ ਨੂੰ ਮੌਕਾ ਦਿੱਤਾ ਗਿਆ ਕਿ ਉਹ ਆਪਣੇ ਪੱਖ ਵਿੱਚ ਜੇਕਰ ਕੁਝ ਕਹਿਣਾ ਚਾਹੁੰਦਾ ਹੈ ਤਾਂ 21 ਦਿਨਾਂ ਦੇ ਅੰਦਰ-ਅੰਦਰ ਆਪਣਾ ਉੱਤਰ ਦੇਵੇ। ਜੇਕਰ ਉਸ ਵੱਲੋਂ ਮਿੱਥੇ ਸਮੇਂ ਅੰਦਰ ਕੋਈ ਉੱਤਰ ਨਹੀਂ ਦਿੱਤਾ ਤਾਂ ਇਹ ਸਮਝ ਲਿਆ ਜਾਵੇਗਾ ਕਿ ਉਹ ਆਪਣੇ ਪੱਖ ਵਿੱਚ ਕੁਝ ਨਹੀਂ ਕਹਿਣਾ ਚਾਹੁੰਦਾ ਅਤੇ ਉਸ ਵਿਰੁੱਧ ਆਰੰਭੀ ਅਨੁਸ਼ਾਸਨੀ ਕਾਰਵਾਈ ਨੂੰ ਮੁਕੰਮਲ ਕਰਦੇ ਹੋਏ ਉਸ ਦੀਆਂ ਸੇਵਾਵਾਂ ਪੰਜਾਬ ਸਿਵਲ ਸੇਵਾਵਾਂ ਵਾਲਿਯੂਮ-2 ਦੇ ਨਿਯਮ 3.17-ਏ ਤਹਿਤ ਇੱਕ ਤਰਫਾ ਕਾਰਵਾਈ ਕਰਦੇ ਹੋਏ ਫਾਰਫੀਟ ਕਰ ਦਿੱਤੀਆਂ ਜਾਣਗੀਆਂ। ਪਰੰਤੂ ਇਸ ਨੋਟਿਸ ਦੇ ਜਵਾਬ ਵਿੱਚ ਕਰਮਚਾਰੀ ਨੇ ਨਾ ਤਾਂ ਕੋਈ ਉੱਤਰ ਦਿੱਤਾ ਅਤੇ ਨਾ ਹੀ ਡਾਇਰੈਕਟਰ ਸਿੱਖਿਆ ਵਿਭਾਗ(ਸੈਸਿ) ਪੰਜਾਬ ਪਾਸ ਹਾਜਰ ਹੋ ਕੇ ਆਪਣਾ ਪੱਖ ਪੇਸ਼ ਕੀਤਾ। ਇਸ ਤੋਂ ਇਹ ਸਪਸ਼ਟ ਹੈ ਕਿ ਕਰਮਚਾਰੀ ਸਰਕਾਰੀ ਨੌਕਰੀ ਚਾਲੂ ਰੱਖਣ ਵਿੱਚ ਦਿਲਚਸਪੀ ਨਹੀਂ ਰੱਖਦਾ ਅਤੇ ਉਸਨੂੰ ਆਪਣੇ ਵਿਰੁੱਧ ਲੱਗੇ ਦੋਸ਼ਾਂ ਤੋਂ ਇਨਕਾਰੀ ਨਹੀਂ ਹੈ।

ਮੈਂ ਬਲਬੀਰ ਸਿੰਘ, ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:) ਪੰਜਾਬ, ਐਸ.ਏ.ਐਸ.ਨਗਰ ਸਮਰੱਥ ਅਧਿਕਾਰੀ ਹੋਣ ਦੇ ਨਾਤੇ ਸ੍ਰੀ ਰਾਮਨਾਥ, ਸਾਇੰਸ ਮਾਸਟਰ, ਸਸਸਸ ਭੌਡੀਪੁਰਾ, ਜ਼ਿਲਾ ਬਠਿੰਡਾ ਦੇ ਮਿਤੀ 24-12-86 ਤੋਂ ਰਿਟਾਇਰਮੈਂਟ ਦੀ ਮਿਤੀ 30.04.16 ਤੱਕ ਅਣਅਧਿਕਾਰਤ ਤੌਰ ਤੇ ਸਰਕਾਰੀ ਡਿਊਟੀ ਤੋਂ ਗੈਰਹਾਜਰ ਰਹਿਣ ਦੇ ਦੋਸ਼ ਕਾਰਨ ਪੰਜਾਬ ਸਿਵਲ ਸੇਵਾਵਾਂ ਵਾਲਿਯੂਮ-2 ਦੇ ਨਿਯਮ 3.17-ਏ ਅਧੀਨ ਇਸ ਦੀਆਂ ਸੇਵਾਵਾਂ ਤਤਕਾਲ ਸਮੇਂ ਤੋ ਫਾਰਫੀਟ ਕਰਦਾ ਹਾਂ।

ਬਲਬੀਰ ਸਿੰਘ
ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:), ਪੰਜਾਬ

ਪਿਠ ਅੰਕਣ ਨੰ: ਉਕਤ 14185-88 ਮਿਤੀ, ਐਸ.ਏ.ਐਸ.ਨਗਰ :- 16-9-16

ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ:-

1. ਮੰਡਲ ਸਿੱਖਿਆ ਅਫਸਰ, ਫਰੀਦਕੋਟ।
2. ਰਜਿ ਜਿਲਾ ਸਿੱਖਿਆ ਅਫਸਰ (ਸੈ:ਸਿ), ਬਠਿੰਡਾ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਕਰਮਚਾਰੀ ਦੀ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਸੇਵਾਵਾ ਖਤਮ ਕਰਨ ਸਬੰਧੀ ਇੰਦਰਾਜ ਯਕੀਨੀ ਬਣਾਇਆ ਜਾਵੇ ਅਤੇ ਕਾਪੀ ਇਸ ਦਫਤਰ ਨੂੰ ਉਪਲਬੱਧ ਕਰਵਾਈ ਜਾਵੇ। ਇਸ ਪੱਤਰ ਦੀ ਪਹੁੰਚ ਰਸੀਦ ਭੇਜੀ ਜਾਵੇ।
3. ਪ੍ਰਿੰਸੀਪਲ/ਮੁੱਖਅਧਿਆਪਕ, ਸਸਸਸ ਭੌਡੀਪੁਰਾ, ਜ਼ਿਲਾ ਬਠਿੰਡਾ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਕਰਮਚਾਰੀ ਦੀ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਇੰਦਰਾਜ ਕੀਤਾ ਜਾਵੇ। ਇਹ ਹੁਕਮ ਕਰਮਚਾਰਨ ਦੇ ਮੌਜੂਦਾ ਘਰ ਦੇ ਪੱਤੇ ਤੇ ਵੀ ਰਜਿਸਟਰਡ ਡਾਕ ਰਾਂਹੀ ਭੇਜੇ ਜਾਣ।
4. ਸ੍ਰੀ ਰਾਮਨਾਥ, ਸਾਇੰਸ ਮਾਸਟਰ, ਸਸਸਸ ਭੌਡੀਪੁਰਾ, ਜ਼ਿਲਾ ਬਠਿੰਡਾ।

ਸੁਪਰਡੰਟ ਕੋਆਰਡੀਨੇਸ਼ਨ ਸੈਲ

ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ, ਐਸ.ਏ.ਐਸ.ਨਗਰ

ਹੁਕਮ ਨੰ: 10/101-2010 ਅ3(1) ਕੋ:ਸੈਲ:3
ਮਿਤੀ, ਐਸ.ਏ.ਐਸ.ਨਗਰ :- 07.09.2016

ਸ਼੍ਰੀਮਤੀ ਅਨੁਰਾਧਾ, ਸ.ਸ ਮਿਸਟ੍ਰੈਸ, ਸਹਸ ਵਰਿਆਣਾ ਹੁਣ ਲੀਅਨ ਸਹਸ ਨਵਾਂ ਪਿੰਡ ਅਕਾਲੀਆਂ, ਜ਼ਿਲ੍ਹਾ ਜਲੰਧਰ ਜੋ ਮਿਤੀ 02-09-10 (ਦੋਸ਼ ਸੂਚੀ ਅਨੁਸਾਰ)ਤੋਂ ਸਰਕਾਰੀ ਡਿਊਟੀ ਤੋਂ ਲਗਾਤਾਰ ਅਣ-ਅਧਿਕਾਰਤ ਤੌਰ ਤੇ ਗੈਰ ਹਾਜਰ ਚੱਲੀ ਆ ਰਹੀ ਹੈ, ਨੂੰ ਵਿਭਾਗ ਵੱਲੋਂ ਹੁਕਮ ਨੰ: 10/101-10 ਅ3(1) ਮਿਤੀ 31-12-11 ਰਾਹੀਂ ਪੰਜਾਬ ਸਿਵਲ ਸੇਵਾਵਾਂ(ਦੰਡ ਅਤੇ ਅਪੀਲ) ਨਿਯਮਾਂਵਲੀ 1970 ਦੀ ਧਾਰਾ 8 ਅਧੀਨ ਦੋਸ ਸੂਚੀ ਜਾਰੀ ਕੀਤੀ ਗਈ।

ਸ਼੍ਰੀਮਤੀ ਅਨੁਰਾਧਾ, ਸ.ਸ ਮਿਸਟ੍ਰੈਸ, ਸਹਸ ਵਰਿਆਣਾ ਹੁਣ ਲੀਅਨ ਸਹਸ ਨਵਾਂ ਪਿੰਡ ਅਕਾਲੀਆਂ, ਜ਼ਿਲ੍ਹਾ ਜਲੰਧਰ ਵੱਲੋਂ ਦੋਸ਼ ਸੂਚੀ ਦਾ ਉਤਰ ਪ੍ਰਾਪਤ ਨਾ ਹੋਣ ਕਾਰਨ, ਉਸ ਵਿਰੁੱਧ ਦੋਸ਼ ਸੂਚੀ ਵਿਚ ਲਗਾਏ ਗਏ ਦੋਸ਼ਾਂ ਦੀ ਸਚਾਈ ਜਾਨਣ ਲਈ ਵਿਭਾਗ ਵਲੋਂ ਹੁਕਮ ਨੰ: 10/101-10 ਅ3(1) ਮਿਤੀ 16.06.11/27.06.11 ਰਾਹੀਂ ਸ੍ਰੀ ਕੇ.ਕੇ ਐਰੀ, ਜ਼ਿਲ੍ਹਾ ਸਿੱਖਿਆ ਅਫਸਰ(ਸੈਸਿ) ਜਲੰਧਰ ਨੂੰ ਪੜਤਾਲੀਆ ਅਫਸਰ ਨਿਯੁਕਤ ਕੀਤਾ ਗਿਆ। ਪੜਤਾਲੀਆ ਅਫਸਰ ਵੱਲੋਂ ਆਪਣੀ ਪੜਤਾਲ ਰਿਪੋਰਟ ਵਿੱਚ ਲਿਖਿਆ ਗਿਆ ਹੈ ਕਿ ਜਿਲ੍ਹਾ ਸਿੱਖਿਆ ਅਫਸਰ(ਸੈਸਿ) ਜਲੰਧਰ ਦੇ ਹੁਕਮ ਨੰ:ਅ-12/2010/91848-49 ਮਿਤੀ 01.12.10 ਰਾਹੀਂ ਕਰਮਚਾਰਨ ਨੂੰ ਡਿਊਟੀ ਤੇ ਹਾਜਰ ਕਰਵਾ ਲਿਆ ਗਿਆ। ਇਸ ਮਗਰੋਂ ਜਿ:ਸਿ:ਅ: ਜਲੰਧਰ ਦੇ ਪੱਤਰ ਨੰ: ਮਿਤੀ 03.12.14 ਅਨੁਸਾਰ ਕਰਮਚਾਰਨ ਦੁਬਾਰਾ ਮਿਤੀ 15.08.11 ਤੋਂ ਲਗਾਤਾਰ ਗੈਰ ਹਾਜਰ ਚੱਲ ਰਹੀ ਹੈ।

ਕੁਦਰਤੀ ਨਿਆਂ ਨੂੰ ਮੁੱਖ ਰੱਖਦਿਆਂ ਹੋਇਆ ਸ਼੍ਰੀਮਤੀ ਅਨੁਰਾਧਾ, ਸ.ਸ ਮਿਸਟ੍ਰੈਸ, ਸਹਸ ਵਰਿਆਣਾ ਹੁਣ ਲੀਅਨ ਸਹਸ ਨਵਾਂ ਪਿੰਡ ਅਕਾਲੀਆਂ, ਜ਼ਿਲ੍ਹਾ ਜਲੰਧਰ ਨੂੰ ਆਪਣੀ ਡਿਊਟੀ ਤੋਂ ਅਣਅਧਿਕਾਰਤ ਤੌਰ ਤੇ ਗੈਰ ਹਾਜਰ ਰਹਿਣ ਕਾਰਨ ਮਿਤੀ 30.07.16 ਨੂੰ " ਰੋਜਾਨਾ ਸਪੋਕਸਮੈਨ" ਵਿੱਚ ਪਬਲਿਕ ਨੋਟਿਸ ਦਿੱਤਾ ਗਿਆ ਜਿਸ ਵਿੱਚ ਲੜੀ ਨੰ: 7 ਤੇ ਕਰਮਚਾਰਨ ਦਾ ਨਾਮ ਦਰਸਾਇਆ ਗਿਆ। ਇਸ ਪਬਲਿਕ ਨੋਟਿਸ ਰਾਹੀਂ ਇਸ ਕਰਮਚਾਰਨ ਨੂੰ ਮੌਕਾ ਦਿੱਤਾ ਗਿਆ ਕਿ ਉਹ ਆਪਣੇ ਪੱਖ ਵਿੱਚ ਜੇਕਰ ਕੁਝ ਕਹਿਣਾ ਚਾਹੁੰਦੀ ਹੈ ਤਾਂ 21 ਦਿਨਾਂ ਦੇ ਅੰਦਰ-ਅੰਦਰ ਆਪਣਾ ਉੱਤਰ ਦੇਵੇ। ਜੇਕਰ ਉਸ ਵੱਲੋਂ ਮਿੱਥੇ ਸਮੇਂ ਅੰਦਰ ਕੋਈ ਉੱਤਰ ਨਹੀਂ ਦਿੱਤਾ ਤਾਂ ਇਹ ਸਮਝ ਲਿਆ ਜਾਵੇਗਾ ਕਿ ਉਹ ਆਪਣੇ ਪੱਖ ਵਿੱਚ ਕੁਝ ਨਹੀਂ ਕਹਿਣਾ ਚਾਹੁੰਦੀ ਅਤੇ ਉਸ ਵਿਰੁੱਧ ਆਰੰਭੀ ਅਨੁਸ਼ਾਸਨੀ ਕਾਰਵਾਈ ਨੂੰ ਮੁਕੰਮਲ ਕਰਦੇ ਹੋਏ ਉਸ ਦੀਆਂ ਸੇਵਾਵਾਂ ਪੰਜਾਬ ਸਿਵਲ ਸੇਵਾਵਾਂ(ਸਜ਼ਾ ਅਤੇ ਅਪੀਲ) ਨਿਯਮਾਵਲੀ 1970 ਦੇ ਨਿਯਮ 5(viii) ਤਹਿਤ ਖਤਮ ਕਰ ਦਿੱਤੀਆਂ ਜਾਣਗੀਆਂ। ਪਰੰਤੂ ਇਸ ਨੋਟਿਸ ਦੇ ਜਵਾਬ ਵਿੱਚ ਕਰਮਚਾਰਨ ਨੇ ਨਾ ਤਾਂ ਕੋਈ ਉੱਤਰ ਦਿੱਤਾ ਅਤੇ ਨਾ ਹੀ ਡਾਇਰੈਕਟਰ ਸਿੱਖਿਆ ਵਿਭਾਗ(ਸੈਸਿ) ਪੰਜਾਬ ਪਾਸ ਹਾਜਰ ਹੋ ਕੇ ਆਪਣਾ ਪੱਖ ਪੇਸ਼ ਕੀਤਾ। ਇਸ ਤੋਂ ਇਹ ਸਪਸ਼ਟ ਹੈ ਕਿ ਕਰਮਚਾਰਨ ਸਰਕਾਰੀ ਨੌਕਰੀ ਚਾਲੂ ਰੱਖਣ ਵਿੱਚ ਦਿਲਚਸਪੀ ਨਹੀਂ ਰੱਖਦੀ ਅਤੇ ਉਸਨੂੰ ਆਪਣੇ ਵਿਰੁੱਧ ਲੱਗੇ ਦੋਸ਼ਾਂ ਤੋਂ ਇਨਕਾਰੀ ਨਹੀਂ ਹੈ।

ਮੈਂ ਬਲਬੀਰ ਸਿੰਘ, ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:) ਪੰਜਾਬ, ਐਸ.ਏ.ਐਸ.ਨਗਰ ਸਮਰੱਥ ਅਧਿਕਾਰੀ ਹੋਣ ਦੇ ਨਾਤੇ ਸ਼੍ਰੀਮਤੀ ਅਨੁਰਾਧਾ, ਸ.ਸ ਮਿਸਟ੍ਰੈਸ, ਸਹਸ ਵਰਿਆਣਾ ਹੁਣ ਲੀਅਨ ਸਹਸ ਨਵਾਂ ਪਿੰਡ ਅਕਾਲੀਆਂ, ਜ਼ਿਲ੍ਹਾ ਜਲੰਧਰ ਦੇ ਮਿਤੀ 15-08-2011 ਤੋਂ ਹੁਣ ਤੱਕ ਅਣਅਧਿਕਾਰਤ ਤੌਰ ਤੇ ਸਰਕਾਰੀ ਡਿਊਟੀ ਤੋਂ ਗੈਰਹਾਜਰ ਰਹਿਣ ਦੇ ਦੋਸ਼ ਕਾਰਨ ਪੰਜਾਬ ਸਿਵਲ ਸੇਵਾਵਾਂ (ਸਜਾ ਅਤੇ ਅਪੀਲ) ਨਿਯਮਾਵਲੀ 1970 ਦੇ ਨਿਯਮ 5 (VIII) ਅਧੀਨ ਇਸ ਦੀਆਂ ਸੇਵਾਵਾਂ ਤਤਕਾਲ ਸਮੇਂ ਤੋਂ ਖਤਮ ਕਰਦਾ ਹਾਂ।

ਬਲਬੀਰ ਸਿੰਘ
ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:), ਪੰਜਾਬ

ਪਿਠ ਅੰਕਣ ਨੰ: ਉਕਤ 14142-45 ਮਿਤੀ, ਐਸ.ਏ.ਐਸ.ਨਗਰ :- 16-9-16

ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ:-

1. ਮੰਡਲ ਸਿੱਖਿਆ ਅਫਸਰ, ਜਲੰਧਰ।
2. (ਰਜਿ) ਜਿਲਾ ਸਿੱਖਿਆ ਅਫਸਰ (ਸੈ:ਸਿ), ਜਲੰਧਰ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਕਰਮਚਾਰਨ ਦੀ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਸੇਵਾਵਾ ਖਤਮ ਕਰਨ ਸਬੰਧੀ ਇੰਦਰਾਜ ਯਕੀਨੀ ਬਣਾਇਆ ਜਾਵੇ ਅਤੇ ਕਾਪੀ ਇਸ ਦਫਤਰ ਨੂੰ ਉਪਲਬੱਧ ਕਰਵਾਈ ਜਾਵੇ। ਇਸ ਪੱਤਰ ਦੀ ਪਹੁੰਚ ਰਸੀਦ ਭੇਜੀ ਜਾਵੇ।
3. ਮੁੱਖਅਧਿਆਪਕ, ਸਹਸ ਵਰਿਆਣਾ(ਜਲੰਧਰ)/ਸਹਸ ਨਵਾਂ ਪਿੰਡ ਅਕਾਲੀਆਂ(ਜਲੰਧਰ) ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਕਰਮਚਾਰਨ ਦੀ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਇੰਦਰਾਜ ਕੀਤਾ ਜਾਵੇ। ਇਹ ਹੁਕਮ ਕਰਮਚਾਰਨ ਦੇ ਮੌਜੂਦਾ ਘਰ ਦੇ ਪੱਤੇ ਤੇ ਵੀ ਰਜਿਸਟਰਡ ਡਾਕ ਰਾਂਹੀ ਭੇਜੇ ਜਾਣ।
4. ਸ਼੍ਰੀਮਤੀ ਅਨੁਰਾਧਾ, ਸ.ਸ ਮਿਸਟ੍ਰੈਸ, ਸਹਸ ਵਰਿਆਣਾ ਹੁਣ ਲੀਅਨ ਸਹਸ ਨਵਾਂ ਪਿੰਡ ਅਕਾਲੀਆਂ, ਜ਼ਿਲ੍ਹਾ ਜਲੰਧਰ।

ਸੁਪਰਡੰਟ ਕੋਆਰਡੀਨੇਸ਼ਨ ਸੈਲ